# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ:23-01-2026**

ਕੇਂਦਰੀ ਸੱਭਿਆਚਾਰ ਮੰਤਰਾਲਾ ਨੇਤਾਜੀ ਸੁਭਾਸ਼ ਚੰਦਰ ਬੋਸ ਦੀ 129ਵੀਂ ਜਯੰਤੀ ਮਨਾਉਣ ਲਈ ਅੱਜ ਤੋਂ ਪਰਾਕ੍ਰਮ ਦਿਵਸ 2026 ਦਾ ਆਯੋਜਨ ਕਰ ਰਿਹਾ ਏ । ਆਜ਼ਾਦੀ ਘੁਲਾਟੀਏ ਸੁਭਾਸ਼ ਚੰਦਰ ਬੋਸ ਦੇ ਜੀਵਨ ਅਤੇ ਵਿਰਾਸਤ ਨਾਲ ਜੁੜੇ ਦੇਸ਼ ਭਰ ਵਿੱਚ 13 ਹੋਰ ਸਥਾਨਾਂ 'ਤੇ ਵੀ ਇਹ ਉਤਸਵ ਮਨਾਇਆ ਜਾਵੇਗਾ । ਇਹ ਉਤਸਵ ਉਨ੍ਹਾਂ ਦੀ ਹਿੰਮਤ, ਕੁਰਬਾਨੀ ਅਤੇ ਦੇਸ਼ ਭਗਤੀ ਦੀ ਅਮਰ ਵਿਰਾਸਤ ਨੂੰ ਸ਼ਰਧਾਂਜਲੀ ਦਿੰਦਾ ਏ । ਮੰਤਰਾਲੇ ਨੇ ਕਿਹਾ ਕਿ ਉਤਸਵ ਵਿੱਚ ਸੱਭਿਆਚਾਰਕ ਪ੍ਰੋਗਰਾਮ, ਪ੍ਰਦਰਸ਼ਨੀਆਂ ਅਤੇ ਰਾਸ਼ਟਰੀ ਡਰਾਮਾ ਸਕੂਲ ਵਲੋਂ ਇੱਕ ਨਾਟਕ ਸ਼ਾਮਲ ਹੋਵੇਗਾ। ਇਹ ਉਤਸਵ ਇਸ ਮਹੀਨੇ ਦੀ 25 ਤਰੀਕ ਤੱਕ ਜਾਰੀ ਰਹੇਗਾ ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨੇਤਾਜੀ

ਸੁਭਾਸ਼ ਚੰਦਰ ਬੋਸ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ, ਜਿਸ ਨੂੰ ਪਰਾਕ੍ਰਮ ਦਿਵਸ ਵਜੋਂ ਮਨਾਇਆ ਜਾਂਦਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਨੇਤਾਜੀ ਸੁਭਾਸ਼ ਚੰਦਰ ਬੋਸ ਦੇ ਆਜ਼ਾਦੀ ਦੇ ਸੱਦੇ ਨੇ ਲੱਖਾਂ ਭਾਰਤੀਆਂ ਵਿੱਚ ਹਿੰਮਤ, ਆਤਮ-ਵਿਸ਼ਵਾਸ, ਏਕਤਾ ਅਤੇ ਰਾਸ਼ਟਰਵਾਦ ਦੀ ਭਾਵਨਾ ਨੂੰ ਜਗਾਇਆ। ਰਾਸ਼ਟਰਪਤੀ ਨੇ  ਕਿਹਾ ਕਿ ਆਜ਼ਾਦ ਹਿੰਦ ਫੌਜ ਰਾਹੀਂ, ਉਨ੍ਹਾਂ ਨੇ ਭਾਰਤ ਦੇ ਸੁਤੰਤਰਤਾ ਅੰਦੋਲਨ ਨੂੰ ਫ਼ੈਸਲਾਕੁਨ ਅਗਵਾਈ ਦਿੱਤੀ ਅਤੇ ਇਸਨੂੰ ਵਿਸ਼ਵ ਪੱਧਰ 'ਤੇ ਪਹੁੰਚਾਇਆ। ਰਾਸ਼ਟਰਪਤੀ ਮੁਰਮੂ ਨੇ ਇਹ ਵੀ ਕਿਹਾ ਕਿ ਉਨ੍ਹਾਂ ਦੀ ਵਿਰਾਸਤ ਹਰ ਭਾਰਤੀ ਨੂੰ ਪ੍ਰੇਰਿਤ ਕਰਦੀ ਰਹਿੰਦੀ ਹੈ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਭਾਰਤ ਦੀ ਆਜ਼ਾਦੀ ਪ੍ਰਤੀ ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਨਿਡਰ ਅਗਵਾਈ, ਅਦੁੱਤੀ ਭਾਵਨਾ ਅਤੇ ਅਟੁੱਟ ਵਚਨਬੱਧਤਾ ਪਰਾਕ੍ਰਮ ਦੇ ਅਸਲ ਸਾਰ ਨੂੰ ਦਰਸਾਉਂਦੀ ਏ । ਉਪ ਰਾਸ਼ਟਰਪਤੀ ਨੇ  ਕਿਹਾ ਕਿ ਉਹ ਪੀੜ੍ਹੀਆਂ ਨੂੰ ਹਿੰਮਤ, ਬਲੀਦਾਨ ਅਤੇ ਰਾਸ਼ਟਰੀ ਏਕਤਾ ਦੇ ਆਦਰਸ਼ਾਂ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕਰਦੇ ਰਹਿਣਗੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਨੇਤਾਜੀ ਸੁਭਾਸ਼ ਚੰਦਰ ਬੋਸ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ

ਦਿਨ ਲੋਕ ਨੇਤਾਜੀ ਦੀ ਅਦੁੱਤੀ ਹਿੰਮਤ, ਦ੍ਰਿੜਤਾ ਅਤੇ ਰਾਸ਼ਟਰ ਲਈ ਬੇਮਿਸਾਲ ਯੋਗਦਾਨ ਨੂੰ ਯਾਦ ਕਰਦੇ ਹਨ। ਸ੍ਰੀ ਮੋਦੀ ਨੇ ਕਿਹਾ ਕਿ ਉਹ ਨਿਡਰ ਅਗਵਾਈ ਅਤੇ ਅਟੁੱਟ ਦੇਸ਼ ਭਗਤੀ ਦੇ ਪ੍ਰਤੀਕ ਸਨ। ਉਨ੍ਹਾਂ ਕਿਹਾ ਕਿ ਨੇਤਾਜੀ ਦੇ ਆਦਰਸ਼ ਆਉਣ ਵਾਲੀਆਂ ਪੀੜ੍ਹੀਆਂ ਨੂੰ ਇੱਕ ਮਜ਼ਬੂਤ ਰਾਸ਼ਟਰ ਬਣਾਉਣ ਲਈ ਪ੍ਰੇਰਿਤ ਕਰਦੇ ਰਹਿਣਗੇ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਜ਼ਾਦ ਹਿੰਦ ਫ਼ੌਜ ਦੇ ਬਾਨੀ ਨੇਤਾਜੀ ਸੁਭਾਸ਼ ਚੰਦਰ ਬੋਸ  ਨੂੰ ਉਨ੍ਹਾਂ ਦੀ ਜੈਯੰਤੀ 'ਤੇ ਨਮਨ ਕੀਤਾ।

---

ਚੋਣ ਕਮਿਸ਼ਨ ਨੇ ਅੱਜ ਲੋਕਤੰਤਰ ਅਤੇ ਚੋਣ ਪ੍ਰਬੰਧਨ ’ਤੇ ਅੰਤਰਰਾਸ਼ਟਰੀ ਕਾਨਫਰੰਸ  2026 ਵਿਖੇ ਚੋਣਾਂ ਨਾਲ ਸਬੰਧਤ ਸਾਰੀਆਂ ਜਾਣਕਾਰੀਆਂ ਅਤੇ ਸੇਵਾਵਾਂ ਲਈ ਆਪਣਾ ਵਨ-ਸਟਾਪ ਡਿਜੀਟਲ ਪਲੇਟਫਾਰਮ ਈ.ਸੀ.ਆਈ-ਨੈੱਟ ਜਾਰੀ ਕੀਤਾ ਏ । ਇਹ ਤਿੰਨ ਰੋਜ਼ਾ ਕਾਨਫਰੰਸ  ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਕਰਵਾਈ ਜਾ ਰਹੀ ਏ । ਈਸੀਆਈ-ਨੈੱਟ ਦਾ ਵਿਚਾਰ  ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ, ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਵਲੋਂ ਕੀਤਾ ਗਿਆ ਸੀ ਅਤੇ ਇਸਨੂੰ ਡਿਜ਼ਾਈਨ ਕਰਨ ਦਾ ਐਲਾਨ ਮਈ, 2025 ਵਿੱਚ ਕੀਤਾ ਗਿਆ। ਇਸ ਮੌਕੇ ਬੋਲਦਿਆਂ ਮੁੱਖ

ਚੋਣ ਕਮਿਸ਼ਨਰ  ਨੇ ਦੱਸਿਆ ਕਿ ਇਸ ਪਲੇਟਫਾਰਮ ਨੂੰ ਕਾਨੂੰਨ ਦੀ ਸਖ਼ਤੀ ਨਾਲ ਪਾਲਣਾ ਕਰਦਿਆਂ ਤਿਆਰ ਕੀਤਾ ਗਿਆ ਏ  ਅਤੇ ਇਹ 22 ਭਾਸ਼ਾਵਾਂ ਅਤੇ ਅੰਗਰੇਜ਼ੀ ਵਿੱਚ ਉਪਲਬਧ ਏ। ਉਨ੍ਹਾਂ ਨੇ ਦੁਨੀਆ ਭਰ ਦੀਆਂ ਚੋਣ ਪ੍ਰਬੰਧਨ ਸੰਸਥਾਵਾਂ ਨੂੰ ਆਪਣੇ ਦੇਸ਼ਾਂ ਲਈ ਕਾਨੂੰਨਾਂ ਦੀ ਪਾਲਣਾ ਤਹਿਤ ਆਪਣੀਆਂ ਸਬੰਧਤ ਭਾਸ਼ਾਵਾਂ ਵਿੱਚ ਅਜਿਹੇ ਹੀ ਡਿਜੀਟਲ ਪਲੇਟਫਾਰਮ ਵਿਕਸਿਤ ਕਰਨ ਲਈ ਭਾਰਤ ਨਾਲ ਸਹਿਯੋਗ ਕਰਨ ਦੀ ਪੇਸ਼ਕਸ਼ ਕੀਤੀ ਏ। ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਨੇ ਕਿਹਾ ਕਿ ਈਸੀਆਈ-ਨੈੱਟ ਚੋਣ ਪ੍ਰਬੰਧਨ ਸੰਸਥਾਵਾਂ ਪ੍ਰਤੀ ਭਰੋਸੇ ਨੂੰ ਕਾਇਮ ਕਰਨ ਲਈ ਇੱਕ ਬਹੁਤ ਵਧੀਆ ਟੂਲ ਏ ਕਿਉਂਕਿ ਇਹ ਵਧੇਰੇ ਪਾਰਦਰਸ਼ਤਾ ਲਿਆਉਣ ਅਤੇ ਸਮੁੱਚੇ ਕਾਰਜਾਂ ਦੀ ਨਿਗਰਾਨੀ ਦੇ ਨਾਲ-ਨਾਲ ਜਲਦ ਫੈਸਲਾ ਲੈਣ ਅਤੇ ਜਾਣਕਾਰੀ ਦੇ ਪ੍ਰਸਾਰ ਵਿੱਚ ਮਦਦ ਕਰਦਾ ਏ। ਈ.ਸੀ.ਆਈ-ਨੈੱਟ ਦੁਨੀਆ ਦਾ ਸਭ ਤੋਂ ਵੱਡਾ ਚੋਣ ਸੇਵਾ ਪਲੇਟਫਾਰਮ ਏ  ਜੋ ਚੋਣ ਕਮਿਸ਼ਨ ਦੇ 40 ਤੋਂ ਵੱਧ ਐਪਸ ਅਤੇ ਪੋਰਟਲਾਂ ਨੂੰ ਏਕੀਕ੍ਰਿਤ ਕਰਕੇ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੀਆਂ ਸਾਰੀਆਂ ਚੋਣ ਸੇਵਾਵਾਂ ਨੂੰ ਇੱਕ ਸਹਿਜ ਅਨੁਭਵ ਵਿੱਚ ਇੱਕਜੁਟ ਕਰਦਾ ਏ।

-----------------------------------------------------------------------

ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਬਸੰਤ ਪੰਚਮੀ ਅਤੇ ਸਰਸਵਤੀ

ਪੂਜਾ ਦੇ ਤਿਉਹਾਰ, ਧਾਰਮਿਕ ਅਤੇ ਰਵਾਇਤੀ ਉਤਸ਼ਾਹ ਨਾਲ ਮਨਾਏ ਜਾ ਰਹੇ ਨੇ. ਇਸ ਦਿਨ ਦਾ ਵਿਸ਼ੇਸ਼ ਮਹੱਤਵ ਏ ਤੇ ਇਹ ਗਿਆਨ, ਸਿੱਖਿਆ ਅਤੇ ਕਲਾ ਦੀ ਦੇਵੀ, ਦੇਵੀ ਸਰਸਵਤੀ ਨੂੰ ਸਮਰਪਿਤ ਏ-

*ਭਾਰਤ ਦੀ, ਅਨੇਕਤਾ ਵਿੱਚ ਏਕਤਾ ਨੂੰ ਦਰਸਾਉਂਦਾ, ਬਸੰਤ ਪੰਚਮੀ ਦਾ ਤਿਉਹਾਰ, ਭਾਰਤ ਦੇ ਸਭ ਤੋਂ ਰੰਗ – ਬਿਰੰਗੇ ਅਤੇ ਸੱਭਿਆਚਾਰਕ ਤੌਰ 'ਤੇ ਭਰਵੇਂ ਤਿਉਹਾਰਾਂ ਵਿੱਚੋਂ ਇੱਕ ਏ । ਇਸ ਦਿਨ, ਬਸੰਤ ਰੁੱਤ ਦੇ ਸਵਾਗਤ 'ਚ ਪੀਲੇ ਫੁੱਲਾਂ ਨਾਲ ਸਜਾਵਟ ਕੀਤੀ ਜਾਂਦੀ ਏ. ਪੀਲੇ ਵਸਤਰ ਧਾਰਨ ਕੀਤੇ ਜਾਂਦੇ ਨੇ ਅਤੇ ਦੇਵੀ ਸਰਸਵਤੀ ਦੀ ਪੂਜਾ ਵੀ ਕੀਤੀ ਜਾਂਦੀ ਏ. ਇਹ ਗਿਆਨ, ਬੁੱਧੀ ਅਤੇ ਨਵੀਂ ਸ਼ੁਰੂਆਤ ਦਾ ਸਨਮਾਨ ਕਰਨ ਦਾ ਤਿਉਹਾਰ ਏ ।*

*ਪਹਿਲਾਂ ਦੇ ਸਮਿਆਂ 'ਚ ਲੋਕ ਇਸ ਦਿਨ ਇਕੱਠੇ ਬੈਠ ਕੇ ਲੋਕ ਗੀਤ ਗਾਉਂਦੇ ਸਨ, ਪਰ ਹੌਲੀ – ਹੌਲੀ ਚੀਜ਼ਾਂ ਬਦਲ ਗਈਆਂ ਨੇ. ਹਾਲਾਂਕਿ ਪਿੰਡਾਂ ਵਿੱਚ ਕੁਝ ਲੋਕ ਅਜੇ ਵੀ ਰਵਾਇਤ ਨੂੰ ਜ਼ਿੰਦਾ ਰੱਖ ਰਹੇ ਨੇ.*

*ਪੰਜਾਬ, ਹਰਿਆਣਾ ਤੇ ਉੱਤਰੀ ਭਾਰਤ ਦੇ ਹੋਰ ਹਿੱਸਿਆਂ ਵਿੱਚ, ਲੋਕ ਰਵਾਇਤੀ ਤੌਰ 'ਤੇ ਅੱਜ ਦੇ ਦਿਨ ਪਤੰਗਾਂ ਉਡਾਉਂਦੇ ਨੇ . ਹਾਲਾਂਕਿ, ਬੀਤੀ ਰਾਤ ਤੋਂ ਦੋਵਾਂ ਰਾਜਾਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼*

*ਨੇ ਲੋਕਾਂ ਨੂੰ ਆਪਣੇ ਘਰਾਂ ਦੇ ਅੰਦਰ ਰਹਿਣ ਲਈ ਮਜਬੂਰ ਕਰ ਦਿੱਤਾ ਏ । ਪਰ ਫਿਰ ਵੀ ਨਿੱਘ 'ਚ ਬਹਿ ਕੇ ਖਾਦੇ ਜਾ ਰਹੇ ਮਿੱਠੇ ਚੌਲਾਂ ਦੀ ਖੁਸ਼ਬੂ ਤੇ ਸੁਆਦ ਨਾਲ ਇਹ ਤਿਉਹਾਰ ਹੋਰ ਵੀ ਅਨੰਦ ਭਰਿਆ ਹੋ ਗਿਆ ਏ.*

---

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਸਕੱਤਰ ਨੂੰ ਪੱਤਰ ਜਾਰੀ ਕਰਦਿਆਂ ਜ਼ਿਲ੍ਹਾ ਅੰਮ੍ਰਿਤਸਰ ਦੇ ਸੀਨੀਅਰ ਸੈਕੰਡਰੀ ਸਕੂਲ ਮੁਰਾਦਪੁਰਾ ਦੀ ਪ੍ਰਿੰਸੀਪਲ ਰੇਖਾ ਮਹਾਜਨ ਨੂੰ ਮੁਅੱਤਲ ਕਰਨ ਦੇ ਨਿਰਦੇਸ਼ ਦਿੱਤੇ ਨੇ । ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਪ੍ਰਿੰਸੀਪਲ ਰੇਖਾ ਮਹਾਜਨ ਵੱਲੋਂ ਡੀ.ਪੀ.ਈ. ਅਧਿਆਪਕ ਜੋਰ ਇੰਦਰ ਸਿੰਘ ਲਈ ਜਾਤੀ ਸੂਚਕ ਸ਼ਬਦਾਵਲੀ ਵਰਤੀ ਸੀ। ਉਨ੍ਹਾਂ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਗਠਿਤ ਦੋ ਮੈਂਬਰੀ ਕਮੇਟੀ ਵਲੋਂ ਵੀ ਰੇਖਾ ਮਹਾਜਨ ਖਿਲਾਫ਼ ਸਿਕਾਇਤ ਨੂੰ ਦਰੁਸਤ ਪਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਸਿੱਖਿਆ ਵਿਭਾਗ ਦੇ ਸਕੱਤਰ ਨੂੰ ਇਸ ਮਾਮਲੇ ਵਿਚ ਤੁਰੰਤ ਕਾਰਵਾਈ ਕਰਨ ਦੇ ਦਿੱਤੇ ਨਿਰਦੇਸ਼ ਗਏ ਹਨ ਅਤੇ 29 ਜਨਵਰੀ ਨੂੰ ਮਾਮਲੇ ਸਬੰਧੀ ਡਾਇਰੈਕਟਰ ਸੈਕੰਡਰੀ ਸਿੱਖਿਆ ਵਿਭਾਗ ਤੋਂ ਤੋਂ ਨਿੱਜੀ ਪੇਸ਼ੀ ਦੌਰਾਨ ਮੰਗੀ ਰਿਪੋਰਟ ਗਈ ਏ ।

---

ਗਣਤੰਤਰ ਦਿਵਸ ਪਰੇਡ- 2026 ਲਈ ਪੰਜਾਬ ਸਰਕਾਰ ਵਲੋਂ ਤਿਆਰ ਕੀਤੀ ਗਈ ਝਾਕੀ ਮਨੁੱਖੀ ਏਕਤਾ, ਦਇਆ-ਭਾਵਨਾ ਅਤੇ ਧਾਰਮਿਕ ਕਦਰਾਂ-ਕੀਮਤਾਂ ਦੇ ਉੱਚਤਮ ਆਦਰਸ਼ਾਂ ਨੂੰ ਕਾਇਮ ਰੱਖਣ ਲਈ ਅਧਿਆਤਮਕਤਾ ਅਤੇ ਕੁਰਬਾਨੀ ਦੀ ਨਿਰਸਵਾਰਥ ਭਾਵਨਾ ਦਾ ਵਿਲੱਖਣ ਪ੍ਰਤੀਕ ਏ। ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਝਾਕੀ ਦੇ ਟਰੈਕਟਰ ਅਤੇ ਟ੍ਰੇਲਰ ਦੋ ਹਿੱਸੇ ਨੇ। ਝਾਕੀ ਦੇ ਟਰੈਕਟਰ ਹਿੱਸੇ ਵਿੱਚ ਹੱਥ ਦਾ ਨਿਸ਼ਾਨ ਬਣਿਆ ਹੋਇਆ ਏ ਜੋ ਮਨੁੱਖਤਾਵਾਦੀ ਅਤੇ ਦਇਆ-ਭਾਵਨਾ ਵਾਲੇ ਦ੍ਰਿਸ਼ਟੀਕੋਣ ਨੂੰ ਦਰਸਾਉਂਦਿਆਂ ਅਧਿਆਤਮਿਕਤਾ ਦਾ ਚਾਨਣ ਬਿਖੇਰਦਾ ਏ। ਇਸਦੇ ਨਾਲ ਹੀ ਇਸਦੇ ਮੂਹਰਲੇ ਹਿੱਸੇ ਵਿੱਚ 'ਏਕ ਓਂਕਾਰ' ਦਾ ਨਿਸ਼ਾਨ, ਜਿਸਨੂੰ ਘੁੰਮਦੇ ਹੋਏ ਦਿਖਾਇਆ ਗਿਆ ਏ ਅਤੇ ਕੱਪੜੇ ਦਾ ਇੱਕ ਟੁਕੜਾ ਜਿਸ 'ਤੇ 'ਹਿੰਦ ਦੀ ਚਾਦਰ' ਦੀ ਉਕਰੀ ਹੋਈ ਲਿਖਤ ਹੈ, ਜੋ ਜ਼ੁਲਮ ਤੋਂ ਰਾਖੀ ਦੀ ਗੁਹਾਰ ਲਾਉਣ ਵਾਲਿਆਂ ਲਈ ਸੁਰੱਖਿਆ ਦਾ ਪ੍ਰਤੀਕ ਏ। ਟ੍ਰੇਲਰ ਵਾਲੇ ਹਿੱਸੇ ਵਿੱਚ ਰਾਗੀ ਸਿੰਘਾਂ ਦੁਆਰਾ "ਸ਼ਬਦ ਕੀਰਤਨ" ਕੀਤਾ ਜਾ ਰਿਹਾ ਏ ਜਿਸਦੇ ਪਿੱਛਲੇ ਹਿੱਸੇ ਵਿੱਚ "ਖੰਡਾ ਸਾਹਿਬ" ਦਾ ਨਿਸ਼ਾਨ ਏ ਜੋ ਸਮੁੱਚੇ ਆਲੇ ਦੁਆਲੇ ਨੂੰ ਇੱਕ ਅਲੌਕਿਕ ਤੇ ਅਧਿਆਤਮਕ ਰੰਗਤ ਵਿੱਚ ਰੰਗਦਾ ਏ। ਇਹ ਅਸਥਾਨ ਦਿੱਲੀ ਦੇ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਦੇ ਬਿਲਕੁਲ ਸਾਹਮਣੇ ਸੁਸ਼ੋਭਿਤ ਹੈ ਅਤੇ ਇਸ ਚੌਕ

’ਤੇ ਰੋਜ਼ਾਨਾ ਸ਼ਬਦ ਕੀਰਤਨ ਹੁੰਦਾ ਏ । ਕਿਨਾਰੇ ’ਤੇ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਦਾ ਮਾਡਲ ਸੁਸ਼ੋਭਿਤ ਏ , ਜਿਸ ਅਸਥਾਨ ਵਿਖੇ ਨੌਵੇਂ ਸਿੱਖ ਗੁਰੂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਨੂੰ ਸ਼ਹੀਦ ਕੀਤਾ ਗਿਆ ਸੀ।

----------------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਰਾਜਸਥਾਨ ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ, ਅਤੇ ਉੱਤਰਾਖੰਡ ਵਿੱਚ ਗਰਜ ਚਮਕ ਨਾਲ ਮੀਂਹ, ਗੜੇਮਾਰੀ, ਅਤੇ  ਤੇਜ਼ ਹਵਾਵਾਂ ਵਗਣ ਦੀ ਪੇਸ਼ੀਨਗੋਈ ਕੀਤੀ ਏ । ਵਿਭਾਗ ਦੇ ਅਨੁਸਾਰ, ਅਗਲੇ 12 ਘੰਟਿਆਂ ਦੌਰਾਨ ਉੱਤਰ-ਪੱਛਮ ਅਤੇ ਮੱਧ ਭਾਰਤ ਵਿੱਚ ਘੱਟੋ-ਘੱਟ ਤਾਪਮਾਨ ਵਿੱਚ ਦੋ ਤੋਂ ਚਾਰ ਡਿਗਰੀ ਸੈਲਸੀਅਸ ਵਾਧਾ ਹੋਣ ਦੀ ਉਮੀਦ ਏ । ਇਸੇ ਦੌਰਾਨ ਫਰੀਦਕੋਟ, ਮਾਨਸਾ, ਮੋਹਾਲੀ, ਜਲੰਧਰ ,ਗੁਰਦਾਸਪੁਰ ਤੇ ਪਠਾਨਕੋਟ ਸਮੇਤ ਵੱਖ ਵੱਖ ਜ਼ਿਲਿਆਂ ਵਿਚ ਦੇਰ ਰਾਤ ਤੋਂ ਰੁਕ ਰੁਕ ਕੇ ਮੀਂਹ ਪੈ ਰਿਹਾ ਏ ।

----------------------------------------------------------------------------

ਪੰਜਾਬ ਪੁਲਿਸ ਦੇ ‘ਆਪ੍ਰੇਸ਼ਨ ਪ੍ਰਹਾਰ’ ਦੇ ਨਤੀਜੇ ਵਜੋਂ ਵਿਦੇਸ਼ਾਂ ਵਿੱਚ ਬੈਠੇ ਗੈਂਗਸਟਰਾਂ ਦੇ ਪੰਜਾਬ ’ਚ ਮੌਜੂਦ ਸਾਥੀਆਂ ਦੇ ਟਿਕਾਣਿਆਂ ਨੂੰ ਤਹਿਸ-ਨਹਿਸ ਕੀਤਾ ਜਾ ਰਿਹਾ ਏ । ਪੰਜਾਬ ਪੁਲਿਸ ਮੁਖੀ ਗੌਰਵ

ਯਾਦਵ ਨੇ ਕਿਹਾ ਕਿ ‘ਗੈਂਗਸਟਰਾਂ ’ਤੇ ਵਾਰ’ ਇੱਕ ਨਿਰੰਤਰ ਮੁਹਿੰਮ ਏ ਜੋ ਉਦੋਂ ਤੱਕ ਇਸੇ ਤਰ੍ਹਾਂ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਵਿੱਚੋਂ ਗੈਂਗਸਟਰਾਂ ਦਾ ਪੂਰੀ ਤਰ੍ਹਾਂ ਸਫ਼ਾਇਆ ਨਹੀਂ ਹੋ ਜਾਂਦਾ। ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਸੂਬੇ ਭਰ ਵਿੱਚ ਕੁੱਲ 4871 ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ , ਜਿਨ੍ਹਾਂ ਵਿੱਚੋਂ 3256 ਨੂੰ ਗ੍ਰਿਫ਼ਤਾਰ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ’ਚੋਂ 69 ਹਥਿਆਰ, ਸਾਢੇ 6 ਕਿਲੋ ਹੈਰੋਇਨ, ਸਾਢੇ10 ਕਿਲੋ ਅਫੀਮ, 5 ਹਜ਼ਾਰ 92 ਨਸ਼ੀਲੀਆਂ ਗੋਲੀਆਂ, 72 ਕਿਲੋ ਭੁੱਕੀ ਅਤੇ ਢਾਈ ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਏ ।